# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

**ਮਿਤੀ : 03-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਲ ਸੰਭਾਲ ਤਕਨਾਲੋਜੀਆਂ ਨੂੰ ਵਧੇਰੇ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ, ਸਥਾਨਕ ਸੰਸਥਾਵਾਂ ਨੂੰ ਸ਼ਹਿਰੀਕਰਨ ਕਰਕੇ ਦਰਪੇਸ਼ ਚੁਣੌਤੀਆਂ, ਵਧਦੀ ਆਬਾਦੀ ਅਤੇ ਭਵਿੱਖ 'ਚ ਪਾਣੀ ਦੀਆਂ ਜ਼ਰੂਰਤਾਂ ਪ੍ਰਤੀ ਸੰਵੇਦਨਸ਼ੀਲ ਬਣਾਉਣ ਦਾ ਸੱਦਾ ਦਿੱਤਾ।

- ਪ੍ਰਧਾਨ ਮੰਤਰੀ ਮੋਦੀ ਅਤੇ ਬੈਲਜੀਅਮ ਦੇ ਪ੍ਰਧਾਨ ਮੰਤਰੀ ਬਾਰਟ-ਡੀ-ਵੇਵਰ ਅੱਜ ਨਵੀਂ ਦਿੱਲੀ ਵਿੱਚ ਦੁਵੱਲੀ ਗੱਲਬਾਤ ਕਰਨਗੇ ।

- ਜਾਪਾਨ ਦੀ ਪ੍ਰਮੁੱਖ ਕ੍ਰੈਡਿਟ ਰੇਟਿੰਗ ਏਜੰਸੀ ਨੇ, ਭਾਰਤ ਦੀ ਵਿਦੇਸ਼ੀ ਮੁਦਰਾ ਅਤੇ ਸਥਾਨਕ ਮੁਦਰਾ ਜਾਰੀਕਰਤਾ ਰੇਟਿੰਗ ਨੂੰ ਇੱਕ ਦਰਜੇ ਤੱਕ ਅੱਪਗ੍ਰੇਡ ਕਰਦਿਆਂ, ਟ੍ਰਿਪਲ B-ਪਲੱਸ ਤੋਂ A-ਮਾਈਨਸ ਕੀਤਾ।

- ਪੰਜਾਬ, ਅਣਪਛਾਤੀਆਂ ਅਤੇ ਲਾਵਾਰਿਸ ਮ੍ਰਿਤਕ ਦੇਹਾਂ ਦੀ ਸ਼ਨਾਖ਼ਤ ਲਈ, ਸੂਬਾ ਪੱਧਰੀ ਡਿਜੀਟਲ ਪੋਰਟਲ 'ਪਹਿਚਾਣ' ਸ਼ੁਰੂ ਕਰਨ ਵਾਲਾ, ਦੇਸ਼ ਦਾ ਪਹਿਲਾ ਸੂਬਾ ਬਣਿਆ।

- ਬੰਬੇ ਹਾਈ ਕੋਰਟ ਨੇ ਮਰ-ਹੂਮ ਫ਼ਿਲਮ ਅਦਾਕਾਰ ਸੁਸ਼ਾਂਤ ਸਿੰਘ ਰਾਜਪੂਤ ਦੀ ਸਾਬਕਾ ਮੈਨੇਜਰ ਦਿਸ਼ਾ ਸਾਲੀਆਨ ਦੀ ਮੌਤ ਦੀ ਸੀ.ਬੀ.ਆਈ ਜਾਂਚ ਦਾ ਹੁਕਮ ਦਿੱਤਾ।

- ਮਹਿਲਾਵਾਂ ਦੇ twenty-twenty ਕ੍ਰਿਕੇਟ ਏਸ਼ੀਆ ਕੱਪ ਵਿੱਚ, ਅੱਜ ਰਾਤ 8 ਵਜੇ ਭਾਰਤ ਦਾ ਮੁਕਾਬਲਾ ਹਾਂਗਕਾਂਗ ਨਾਲ ਹੋਵੇਗਾ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਸ਼ਹਿਰੀਕਰਨ ਕਰਕੇ ਦਰਪੇਸ਼ ਚੁਣੌਤੀਆਂ, ਵਧਦੀ ਆਬਾਦੀ ਅਤੇ ਭਵਿੱਖ ਦੀਆਂ ਪਾਣੀ ਦੀਆਂ ਜ਼ਰੂਰਤਾਂ ਪ੍ਰਤੀ ਸੰਵੇਦਨਸ਼ੀਲ ਬਣਾਉਣ ਦਾ ਸੱਦਾ ਦਿੱਤਾ ਏ।

ਉਨ੍ਹਾਂ ਸ਼ਹਿਰੀ ਸਥਾਨਕ ਸੰਸਥਾਵਾਂ ਲਈ ਵੀ ਇਸੇ ਤਰ੍ਹਾਂ ਦੇ ਵਿਚਾਰ-ਵਟਾਂਦਰੇ ਸੈਸ਼ਨ ਆਯੋਜਿਤ ਕਰਨ ਦਾ ਸੁਝਾਅ ਦਿੱਤਾ।

ਕੱਲ੍ਹ, ਪ੍ਰਧਾਨ ਮੰਤਰੀ ਨੇ ਜਲ ਸ਼ਕਤੀ ਮੰਤਰਾਲੇ ਵਲੋਂ ਆਯੋਜਿਤ ਦੋ-ਦਿਨਾਂ ਰਾਸ਼ਟਰੀ ਵਿਭਾਗੀ ਜਲ ਸੰਮੇਲਨ ਦੇ ਸਮਾਪਤੀ ਸੈਸ਼ਨ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਜਲ ਸੰਭਾਲ ਤਕਨਾਲੋਜੀਆਂ ਨੂੰ ਵਧੇਰੇ ਅਪਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਸ੍ਰੀ ਮੋਦੀ ਨੇ ਭਾਰਤੀ ਨਿਰਮਾਤਾਵਾਂ ਅਤੇ ਹਿੱਸੇਦਾਰਾਂ ਨੂੰ ਪ੍ਰਭਾਵਸ਼ਾਲੀ ਹੱਲ ਵਿਕਸਤ ਕਰਨ ਅਤੇ ਉਨ੍ਹਾਂ ਨੂੰ ਵੱਡੇ ਪੱਧਰ 'ਤੇ ਲਾਗੂ ਕਰਨ ਦੇ ਯੋਗ ਬਣਾਉਣ ਲਈ ਸਭ ਤੋਂ ਵਧੀਆ ਆਲਮੀ ਅਭਿਆਸਾਂ ਨੂੰ ਪ੍ਰਦਰਸ਼ਿਤ ਕਰਨ ਵਾਲੀਆਂ ਪ੍ਰਦਰਸ਼ਨੀਆਂ ਅਤੇ ਵਰਕਸ਼ਾਪਾਂ ਦਾ ਆਯੋਜਨ ਕਰਨ ਦਾ ਸੁਝਾਅ ਵੀ ਦਿੱਤਾ।

ਪ੍ਰਧਾਨ ਮੰਤਰੀ ਨੇ ਕਾਨਫਰੰਸ ਵਿੱਚ ਦੋ ਦਿਨਾਂ ਦੌਰਾਨ ਹੋਈ ਡੂੰਘਾਈ ਨਾਲ ਹੋਈ ਚਰਚਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਕਾਨਫਰੰਸ ਦੇ ਵਿਚਾਰ-ਵਟਾਂਦਰੇ ਤੋਂ ਪ੍ਰਾਪਤ ਕਾਰਵਾਈ-ਯੋਗ ਅਤੇ ਸਮੇਂ ਸਿਰ ਕਾਰਵਾਈ ਪਹਿਲੂਆਂ ਨੂੰ ਨਿਰੰਤਰ ਸਮੀਖਿਆ ਅਤੇ ਸਿੱਖਣ ਦੀ ਪ੍ਰਕਿਰਿਆ ਰਾਹੀਂ ਅੱਗੇ ਵਧਾਇਆ ਜਾਣਾ ਚਾਹੀਦਾ ਏ।

ਜਨਤਕ ਭਾਗੀਦਾਰੀ 'ਤੇ ਜ਼ੋਰ ਦਿੰਦੇ ਹੋਏ, ਸ਼੍ਰੀ ਮੋਦੀ ਨੇ ਲੋਕਾਂ ਵਿੱਚ ਵਿਆਪਕ ਜਾਗਰੂਕਤਾ ਪੈਦਾ ਕਰਨ ਲਈ 'ਜਲ ਉਤਸਵ' ਦੇ ਆਯੋਜਨ ਨੂੰ ਉਤਸ਼ਾਹਿਤ ਕਰਨ ਦਾ ਸੁਝਾਅ ਦਿੱਤਾ। ਪ੍ਰਧਾਨ ਮੰਤਰੀ ਨੇ ਇਸ ਉਦੇਸ਼ ਲਈ ਜਲ ਸਰੋਤਾਂ ਦੀ ਸਫਾਈ ਨੂੰ ਨਿਯਮਤ ਤੌਰ 'ਤੇ ਅਪਣਾਉਣ

ਅਤੇ ਸਪੱਸ਼ਟ ਮਾਪਦੰਡਾਂ ਅਤੇ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਦੇ ਵਿਕਾਸ ਦਾ ਵੀ ਸੁਝਾਅ ਦਿੱਤਾ।

ਪ੍ਰਧਾਨ ਮੰਤਰੀ ਨੇ ਹਰ ਮਾਨਸੂਨ ਸੀਜ਼ਨ ਤੋਂ ਪਹਿਲਾਂ ਵਿਆਪਕ ਤਿਆਰੀ, ਨਿਰਧਾਰਤ ਸਾਵਧਾਨੀਆਂ ਦੀ ਪਾਲਣਾ ਅਤੇ ਡੈਮ ਸੁਰੱਖਿਆ ਬਾਰੇ ਸਕੂਲੀ ਵਿਦਿਆਰਥੀਆਂ ਵਿੱਚ ਜਾਗਰੂਕਤਾ ਵਧਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇਸ ਉਦੇਸ਼ ਲਈ ਵਿਦਿਅਕ ਪਾਠਕ੍ਰਮ ਵਿੱਚ ਢੁਕਵੇਂ ਵਿਸ਼ਿਆਂ ਨੂੰ ਸ਼ਾਮਲ ਕਰਨ ਦਾ ਸੁਝਾਅ ਦਿੱਤਾ।

ਪ੍ਰਧਾਨ ਮੰਤਰੀ ਨੇ ਯੂਨੀਵਰਸਿਟੀਆਂ ਅਤੇ ਉੱਚ ਵਿਦਿਅਕ ਸੰਸਥਾਵਾਂ ਵਿੱਚ ਪਾਣੀ ਪ੍ਰਬੰਧਨ ਅਤੇ ਪ੍ਰਸ਼ਾਸਨ ਨਾਲ ਸਬੰਧਤ ਗਿਆਨ ਅਤੇ ਸਮਰੱਥਾ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਜਨਤਕ ਨੁਮਾਇੰਦਿਆਂ , ਅਧਿਕਾਰੀਆਂ ਅਤੇ ਕਿਸਾਨਾਂ ਲਈ ਰਾਜਾਂ ਵਿਚਕਾਰ ਯੋਜਨਾਬੱਧ ਅਧਿਐਨ ਦੌਰਿਆਂ ਦਾ ਸੁਝਾਅ ਦਿੱਤਾ ਏ।

ਸ਼੍ਰੀ ਮੋਦੀ ਨੇ ਇੱਕ ਮਜ਼ਬੂਤ ਪਾਣੀ ਡੇਟਾ ਪ੍ਰਬੰਧਨ ਪ੍ਰਣਾਲੀ ਵਿਕਸਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਪਾਣੀ ਖੇਤਰ ਦੇ ਡੇਟਾ ਨੂੰ ਇੱਕ ਜਗ੍ਹਾ 'ਤੇ ਇਕੱਠਾ ਕੀਤਾ ਜਾਣਾ ਚਾਹੀਦਾ ਏ, ਯੋਜਨਾਬੱਧ ਢੰਗ ਨਾਲ ਪ੍ਰਬੰਧਿਤ, ਵਿਸ਼ਲੇਸ਼ਣ ਕੀਤਾ ਜਾਣਾ ਚਾਹੀਦਾ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਬੈਲਜੀਅਮ ਦੇ ਪ੍ਰਧਾਨ ਮੰਤਰੀ ਬਾਰਟ-ਡੀ-ਵੇਵਰ ਅੱਜ ਨਵੀਂ ਦਿੱਲੀ ਵਿੱਚ ਦੁਵੱਲੀ ਗੱਲਬਾਤ ਕਰਨਗੇ।

ਦੋਵੇਂ ਨੇਤਾ ਦੁਵੱਲੇ ਸਬੰਧਾਂ ਦੇ ਸਾਰੇ ਪਹਿਲੂਆਂ ਦੇ ਨਾਲ-ਨਾਲ ਆਪਸੀ ਹਿੱਤ ਦੇ ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਚਰਚਾ ਕਰਨਗੇ। ਬੈਲਜੀਅਮ ਦੇ ਪ੍ਰਧਾਨ ਮੰਤਰੀ, ਭਾਰਤ ਦੇ ਤਿੰਨ ਦਿਨਾਂ ਦੌਰੇ 'ਤੇ ਕੱਲ੍ਹ ਰਾਤ ਰਾਜਧਾਨੀ ਪਹੁੰਚੇ। ਪ੍ਰਧਾਨ ਮੰਤਰੀ ਡੀ-ਵੇਵਰ ਦੇ ਨਾਲ, ਬੈਲਜੀਅਮ ਦੇ ਰੱਖਿਆ ਮੰਤਰੀ ਥੀਓ ਫ੍ਰੈਂਕਨ ਵੀ ਨੇ। ਪਿਛਲੇ ਸਾਲ ਫਰਵਰੀ ਵਿੱਚ ਅਹੁਦਾ ਸੰਭਾਲਣ ਤੋਂ ਬਾਅਦ, ਇਹ ਉਨ੍ਹਾਂ ਦੀ ਭਾਰਤ ਦੀ ਪਹਿਲੀ ਫੇਰੀ ਏ। ਉਹ ਭਾਰਤ-ਯੂਰਪੀਅਨ ਯੂਨੀਅਨ ਮੁਕਤ ਵਪਾਰ ਸਮਝੌਤੇ ਦੇ ਸਿਲਸਿਲੇ ਵਿੱਚ ਭਾਰਤੀ ਉਦਯੋਗ ਸੰਘ ਦੇ ਇੱਕ ਵਪਾਰਕ ਸਮਾਗਮ ਵਿੱਚ ਮੁੱਖ ਭਾਸ਼ਣ ਵੀ ਦੇਣਗੇ।

ਸਾਡੇ ਪੱਤਰਕਾਰ ਨੇ ਦਸਿਆ ਕਿ ਇਹ ਦੌਰਾ ਭਾਰਤ-ਬੈਲਜੀਅਮ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਅਤੇ ਵਪਾਰ ਅਤੇ ਨਿਵੇਸ਼, ਰੱਖਿਆ ਅਤੇ ਸੁਰੱਖਿਆ, ਅਤੇ ਨਵਿਆਉਣਯੋਗ ਊਰਜਾ ਵਰਗੇ ਆਪਸੀ ਹਿੱਤ ਦੇ ਖੇਤਰਾਂ ਵਿੱਚ ਸਹਿਯੋਗ ਨੂੰ ਅੱਗੇ ਵਧਾਉਣ ਦਾ ਮੌਕਾ ਪ੍ਰਦਾਨ ਕਰੇਗਾ।

-----------------------------------------------------

ਜਾਪਾਨ ਦੀ ਪ੍ਰਮੁੱਖ ਕ੍ਰੈਡਿਟ ਰੇਟਿੰਗ ਏਜੰਸੀ-JCR ਨੇ ਭਾਰਤ ਦੀ ਵਿਦੇਸ਼ੀ ਮੁਦਰਾ ਅਤੇ ਸਥਾਨਕ ਮੁਦਰਾ ਜਾਰੀਕਰਤਾ ਰੇਟਿੰਗ ਨੂੰ ਇੱਕ ਦਰਜੇ ਤੱਕ ਅੱਪਗ੍ਰੇਡ ਕਰਦਿਆਂ ਟ੍ਰਿਪਲ B-ਪਲੱਸ ਤੋਂ A-ਮਾਈਨਸ ਕਰ ਦਿੱਤਾ ਏ ।

ਇਹ ਰੇਟਿੰਗ ਕਿਸੇ ਦੇਸ਼ ਦੀ ਸਰਕਾਰ ਦੀ ਕਰਜ਼ਾ ਚੁਕਾਉਣ ਦੀ ਸਮਰੱਥਾ ਅਤੇ ਵਿੱਤੀ ਸਿੱਖ ਦਾ ਆਜ਼ਾਦ ਤੌਰ 'ਤੇ ਮੁਲਾਂਕਣ ਕਰਦੀ ਏ ।

ਵਿੱਤ ਮੰਤਰਾਲੇ ਨੇ ਕਿਹਾ ਕਿ ਇਹ ਭਾਰਤ ਦੇ ਮਜ਼ਬੂਤ ਆਰਥਿਕ ਵਿਕਾਸ, ਇੱਕ ਮਜ਼ਬੂਤ ਆਰਥਿਕ ਬੁਨਿਆਦ ਬਣਾਉਣ ਵਿੱਚ ਆਰਥਿਕ ਨੀਤੀਆਂ ਦੀ ਪ੍ਰਭਾਵਸ਼ੀਲਤਾ, ਅਤੇ ਵਿੱਤੀ ਪ੍ਰਣਾਲੀ ਦੀ ਸੁਧਰੀ ਮਜ਼ਬੂਤੀ ਨੂੰ ਦਰਸਾਉਂਦਾ ਏ। ਮੰਤਰਾਲੇ ਨੇ ਕਿਹਾ ਕਿ ਇਹ ਅੱਪਗ੍ਰੇਡ ਇੱਕ ਚੁਣੌਤੀਪੂਰਨ ਵਿਸ਼ਵ-ਵਿਆਪੀ ਵਾਤਾਵਰਣ ਵਿੱਚ ਹੋਇਆ ਏ ਅਤੇ ਨਿਰੰਤਰ ਵਿਕਾਸ, ਪ੍ਰਭਾਵਸ਼ਾਲੀ ਆਰਥਿਕ ਨੀਤੀਆਂ, ਠੋਸ ਵਿੱਤੀ ਪ੍ਰਬੰਧਨ, ਭਾਰਤ ਦੇ ਆਰਥਿਕ ਬੁਨਿਆਦੀ ਸਿਧਾਂਤਾਂ ਨੂੰ ਦਰਸਾਉਂਦਾ ਏ।

ਇੱਕ ਬਿਆਨ ਵਿੱਚ, JCR ਨੇ ਕਿਹਾ ਕਿ ਭਾਰਤੀ ਅਰਥਵਿਵਸਥਾ ਨੇ ਉੱਚ ਵਿਕਾਸ ਦਰਾਂ ਨੂੰ ਕਾਇਮ ਰੱਖਿਆ ਏ।

---------------------------------------------------

ਪੰਜਾਬ, ਮਨੁੱਖਤਾਵਾਦੀ ਅਤੇ ਤਕਨੀਕੀ ਪਹਿਲਕਦਮੀ ਤਹਿਤ ਸੂਬੇ ਭਰ ਦੇ ਸਰਕਾਰੀ ਮੁਰਦਾਘਰਾਂ ਵਿੱਚ ਲਿਆਂਦੀਆਂ ਜਾਣ ਵਾਲੀਆਂ ਅਣਪਛਾਤੀਆਂ ਅਤੇ ਲਾਵਾਰਿਸ ਮ੍ਰਿਤਕ ਦੇਹਾਂ ਦੀ ਡਿਜੀਟਲ ਸ਼ਨਾਖ਼ਤ ਲਈ, ਸੂਬਾ ਪੱਧਰੀ ਜਨਤਕ ਪੋਰਟਲ "ਪਹਿਚਾਣ" ਸ਼ੁਰੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਏ ।

**ਪੇਸ਼ ਏ ਇਕ ਰਿਪੋਰਟ :**

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇਸ ਸੂਬਾ ਪੱਧਰੀ ਪੋਰਟਲ ਦੀ ਕੱਲ ਰਸਮੀ ਸ਼ੁਰੂਆਤ ਕੀਤੀ।

ਉਨ੍ਹਾਂ ਦੱਸਿਆ ਕਿ 'ਪਹਿਚਾਣ' ਪਹਿਲਕਦਮੀ ਤਹਿਤ ਪੰਜਾਬ ਦੇ ਕਿਸੇ ਵੀ ਸਰਕਾਰੀ ਮੁਰਦਾਘਰ ਵਿੱਚ ਪੋਸਟਮਾਰਟਮ ਦੇ 48 ਘੰਟਿਆਂ ਦੇ ਅੰਦਰ-ਅੰਦਰ ਹਰੇਕ ਅਣਪਛਾਤੇ, ਲਾਵਾਰਿਸ ਮ੍ਰਿਤਕ ਵਿਅਕਤੀ ਦੇ ਚਿਹਰੇ ਦੀਆਂ ਤਸਵੀਰਾਂ, ਸਥਾਈ ਸ਼ਨਾਖ਼ਤੀ ਨਿਸ਼ਾਨ ਜਿਵੇਂ ਕਿ ਟੈਟੂ, ਜਨਮ ਤੋਂ ਕੋਈ ਨਿਸ਼ਾਨ, ਕਿਸੇ ਖਾਸ ਸਰੀਰਕ ਨੁਕਸ ਦੀਆਂ ਤਸਵੀਰਾਂ ਅਤੇ ਸਰੀਰਕ ਹੁਲੀਆ ਪੋਰਟਲ 'ਤੇ ਅੱਪਲੋਡ ਕੀਤਾ ਜਾਵੇਗਾ। ਇਹ ਪੋਰਟਲ ਸਿਹਤ ਵਿਭਾਗ ਦੀਆਂ ਸਾਰੀਆਂ ਅਧਿਕਾਰਤ ਵੈੱਬਸਾਈਟਾਂ ਰਾਹੀਂ ਬਿਲਕੁਲ ਮੁਫ਼ਤ ਉਪਲਬਧ ਏ ਅਤੇ ਭਾਰਤ ਜਾਂ ਵਿਦੇਸ਼ ਵਿੱਚ ਕਿਸੇ ਵੀ ਥਾਂ ਤੋਂ ਪਰਿਵਾਰਾਂ ਵੱਲੋਂ ਇਸ ਪੋਰਟਲ ਰਾਹੀਂ ਖੋਜ ਕੀਤੀ ਜਾ ਸਕਦੀ ਏ।

ਇਸ ਪੋਰਟਲ ਰਾਹੀਂ ਜਿਵੇਂ ਹੀ ਕੋਈ ਦਾਅਵੇਦਾਰ ਆਨਲਾਈਨ ਦਾਅਵਾ ਦਰਜ ਕਰੇਗਾ, ਸਬੰਧਤ ਜਾਂਚ ਅਧਿਕਾਰੀ ਨੂੰ ਆਪਣੇ ਆਪ ਸੂਚਿਤ ਕਰ ਦਿੱਤਾ ਜਾਵੇਗਾ ਤਾਂ ਜੋ ਪਰਿਵਾਰਾਂ ਨੂੰ ਮੁਰਦਾਘਰਾਂ ਜਾਂ ਪੁਲਿਸ ਥਾਣਿਆਂ ਦੇ ਚੱਕਰ ਲਾਏ ਬਿਨਾਂ ਸਮਰੱਥ ਕਾਨੂੰਨੀ ਅਧਿਕਾਰ ਤਹਿਤ ਰਸਮੀ ਸ਼ਨਾਖ਼ਤ ਵਾਸਤੇ ਅੱਗੇ ਦੀ ਕਾਰਵਾਈ ਕੀਤੀ ਜਾ ਸਕੇ।

ਰਾਜੇਸ਼ ਬਾਲੀ /ਆਕਾਸ਼ਵਾਣੀ ਖਬਰਾਂ /ਜਲੰਧਰ

---------------------------------------------------

ਖੇਤੀਬਾੜੀ ਅਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਅੱਜ ਮੁੰਬਈ ਵਿੱਚ ਰਾਜ ਪੇਂਡੂ ਆਜੀਵਿਕਾ ਮਿਸ਼ਨਾਂ ਅਤੇ ਬੈਂਕਾਂ ਨਾਲ ਇੱਕ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਨਗੇ।

ਮੀਟਿੰਗ ਦਾ ਮੁੱਖ ਉਦੇਸ਼ ਸਵੈ-ਸਹਾਇਤਾ ਸਮੂਹਾਂ ਨੂੰ ਦਿੱਤੇ ਜਾਣ ਵਾਲੇ ਕਰਜ਼ਿਆਂ ਦੀ ਔਸਤ ਰਕਮ ਨੂੰ ਵਧਾਉਣ ਲਈ ਵਿਅਕਤੀਗਤ ਉੱਦਮ ਕਰਜ਼ਿਆਂ ਨੂੰ ਦੁੱਗਣਾ ਕਰਨਾ ਏ। ਮੀਟਿੰਗ ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕ ਅਤੇ ਮੁਢਲੀਆਂ ਖੇਤੀਬਾੜੀ ਕਰਜ਼ਾ ਸੁਸਾਇਟੀ ਪੱਧਰ 'ਤੇ ਸਹਿਕਾਰੀ ਕਰਜ਼ਾ ਢਾਂਚੇ ਦੀ ਭੂਮਿਕਾ ਨੂੰ ਮਜ਼ਬੂਤ ਕਰਨ ਅਤੇ ਲੰਬੇ ਸਮੇਂ ਤੋਂ ਚੱਲ ਰਹੇ ਬੈਕਲਾਗ ਅਤੇ ਕਰਜ਼ਾ ਵੰਡ ਵਿੱਚ ਦੇਰੀ ਦੀ ਸਮੱਸਿਆ ਦੇ ਹੱਲ ਲੱਭਣ ਦੀ ਕੋਸ਼ਿਸ਼ ਕਰੇਗੀ।

---

ਨੇਪਾਲ ਅਤੇ ਤਿੱਬਤ ਵਿੱਚ ਭਿਆਨਕ ਅਚਾਨਕ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ 1 ਹਜ਼ਾਰ 250 ਹੋ ਗਈ ਏ । ਬਚਾਅ ਕਰਮਚਾਰੀ ਮੀਂਹ ਅਤੇ ਮਲਬੇ ਦੇ ਵਿਚ ਬਚੇ ਲੋਕਾਂ ਦੀ ਭਾਲ ਕਰ ਰਹੇ ਨੇ । ਭੋਟੇਕੋਸ਼ੀ ਨਦੀ ਦੇ ਨਾਲ-ਨਾਲ ਸੁਰੰਗਾਂ ਅਤੇ ਨੇਪਾਲ ਦੇ ਜ਼ਮੀਨਦੋਜ਼ ਪਾਵਰ ਪਲਾਂਟਾਂ ਵਿੱਚ ਲੋਕਾਂ ਦੇ ਫਸੇ ਹੋਣ ਦਾ ਡਰ ਏ ।

ਪ੍ਰਧਾਨ ਮੰਤਰੀ ਬਲੇਂਦਰ ਸ਼ਾਹ ਨੇ ਕਿਹਾ ਏ ਕਿ ਇਸ ਜਲਵਾਯੂ ਤਬਦੀਲੀ ਨਾਲ ਸਬੰਧਤ ਆਫ਼ਤ ਨੂੰ ਅੰਤਰਰਾਸ਼ਟਰੀ ਭਾਈਚਾਰੇ ਨਾਲ ਜ਼ੋਰਦਾਰ ਢੰਗ ਨਾਲ ਉਠਾਉਣ ਦੀ ਲੋੜ ਏ। ਉਨ੍ਹਾਂ ਦਾ ਇਹ ਬਿਆਨ

ਉਸ ਸਮੇਂ ਆਇਆ ਜਦੋਂ ਪਰਿਵਾਰਾਂ ਨੇ ਪਿਛਲੇ ਹਫ਼ਤੇ ਆਏ ਅਚਾਨਕ ਹੜ੍ਹਾਂ ਵਿੱਚ ਲਾਪਤਾ ਲੋਕਾਂ ਲਈ ਪ੍ਰਤੀਕਾਤਮਕ ਅੰਤਿਮ ਸੰਸਕਾਰ ਕੀਤੇ। ਇਸ ਆਫ਼ਤ ਵਿੱਚ 583 ਵਿਦੇਸ਼ੀ ਨਾਗਰਿਕ ਲਾਪਤਾ ਹਨ। ਨੇਪਾਲੀ ਫੌਜ ਅਤੇ ਸੁਰੱਖਿਆ ਬਲਾਂ ਨੇ ਹੈਲੀਕਾਪਟਰਾਂ ਅਤੇ ਜ਼ਮੀਨੀ ਮਾਰਗਾਂ ਦੀ ਵਰਤੋਂ ਕਰਕੇ ਹੁਣ ਤੱਕ 11 ਹਜ਼ਾਰ ਲੋਕਾਂ ਨੂੰ ਬਚਾ ਲਿਆ ਗਿਆ ਏ।

-----------------------------------------------------

ਸਰਕਾਰ ਨੇ ਸਾਲ 2024 ਲਈ ਤੇਨਜ਼ਿੰਗ ਨੋਰਗੇ ਰਾਸ਼ਟਰੀ ਸਾਹਸੀ ਪੁਰਸਕਾਰਾਂ ਦਾ ਐਲਾਨ ਕੀਤਾ ਏ। ਇਹ ਪੁਰਸਕਾਰ ਸਾਹਸੀ ਖੇਤਰ ਵਿੱਚ, ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਵਿਅਕਤੀਆਂ ਨੂੰ ਮਾਨਤਾ ਦਿੰਦੇ ਨੇ ਅਤੇ ਚੁਣੌਤੀਪੂਰਨ ਹਾਲਾਤ ਵਿੱਚ ਸਹਿਣਸ਼ੀਲਤਾ, ਜੋਖਮ ਲੈਣ ਦੀ ਸਮਰੱਥਾ, ਟੀਮ-ਵਜੋਂ ਕੰਮ ਕਰਨ ਦੀ ਭਾਵਨਾ ਅਤੇ ਤੇਜ਼ ਤੇ ਪ੍ਰਭਾਵਸ਼ਾਲੀ ਫੈਸਲੇ ਲੈਣ ਦੀ ਸਮਰੱਥਾ ਨੂੰ ਉਤਸ਼ਾਹਿਤ ਕਰਦੇ ਨੇ।

-----------------------------------------------------

ਬੰਬੇ ਹਾਈ ਕੋਰਟ ਨੇ ਮਰ-ਹੂਮ ਫ਼ਿਲਮ ਅਦਾਕਾਰ ਸੁਸ਼ਾਂਤ ਸਿੰਘ ਰਾਜਪੂਤ ਦੀ ਸਾਬਕਾ ਮੈਨੇਜਰ ਦਿਸ਼ਾ ਸਾਲਿਆਨ ਦੀ ਮੌਤ ਦੀ ਸੀ.ਬੀ.ਆਈ ਜਾਂਚ ਦਾ ਹੁਕਮ ਦਿੱਤਾ ਏ ਅਤੇ ਛੇ ਸਾਲਾਂ ਤੱਕ ਐਫ.ਆਈ.ਆਰ ਦਰਜ ਨਾ ਕਰਨ 'ਤੇ ਮੁੰਬਈ ਪੁਲਿਸ ਨੂੰ ਫਟਕਾਰ ਲਗਾਈ ਏ ।

ਜਸਟਿਸ ਸਾਰੰਗ ਕੋਤਵਾਲ ਅਤੇ ਰਣਜੀਤ ਸਿੰਘ ਰਾਜਾ ਭੋਸਲੇ ਦੀ ਡਿਵੀਜ਼ਨ ਬੈਂਚ ਨੇ ਕਿਹਾ ਕਿ ਜਾਂਚ ਬਹੁਤ ਜ਼ਿਆਦਾ ਸਮੇਂ ਤੱਕ ਜਾਰੀ ਨਹੀਂ ਰਹਿ ਸਕਦੀ। ਅਦਾਲਤ ਨੇ ਕਿਹਾ ਕਿ ਨਿਰਪੱਖ ਅਤੇ ਪੂਰੀ ਜਾਂਚ ਨੂੰ ਯਕੀਨੀ ਬਣਾਉਣ ਲਈ, ਕੇਂਦਰੀ ਏਜੰਸੀ ਦੀ ਜਾਂਚ ਜ਼ਰੂਰੀ ਏ।

-------------------------------------------------

ਮਹਿਲਾ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਪਣੇ ਦੂਜੇ ਗਰੁੱਪ-ਏ ਮੈਚ ਵਿੱਚ, ਹਾਂਗਕਾਂਗ ਨਾਲ ਹੋਵੇਗਾ।

ਇਹ ਮੈਚ ਸੰਯੁਕਤ ਅਰਬ ਅਮੀਰਾਤ ਦੇ ਦੁਬਈ ਅੰਤਰ-ਰਾਸ਼ਟਰੀ ਸਟੇਡੀਅਮ ਵਿੱਚ ਭਾਰਤੀ ਸਮੇਂ ਅਨੁਸਾਰ, ਰਾਤ 8 ਵਜੇ ਸ਼ੁਰੂ ਹੋਵੇਗਾ।

ਭਾਰਤੀ ਮਹਿਲਾ ਟੀਮ ਨੇ ਐਤਵਾਰ ਨੂੰ, ਥਾਈਲੈਂਡ 'ਤੇ 94 ਦੌੜਾਂ ਦੀ ਸ਼ਾਨਦਾਰ ਜਿੱਤ ਨਾਲ, ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ।

ਦੁਬਈ ਵਿੱਚ ਬੀਤੇ ਰਾਤ ਗਰੁੱਪ-ਬੀ ਦੇ ਇੱਕ ਮੈਚ ਵਿੱਚ, ਸ੍ਰੀਲੰਕਾ ਨੇ ਇੰਡੋਨੇਸ਼ੀਆ ਨੂੰ 75 ਦੌੜਾਂ ਨਾਲ ਹਰਾਇਆ।

-------------------------------------------------

ਭਾਰਤ, ਪਹਿਲੀ ਵਾਰ ਅਹਿਮਦਾਬਾਦ ਦੇ ਸਾਬਰਮਤੀ ਰਿਵਰ-ਫਰੰਟ 'ਤੇ 5 ਤੋਂ 9 ਸਤੰਬਰ ਤੱਕ 'ਹੁੰਡਈ ਵਿਸ਼ਵ ਤੀਰਅੰਦਾਜ਼ੀ ਪੈਰਾ ਸੀਰੀਜ਼' ਦੀ ਮੇਜ਼ਬਾਨੀ ਕਰੇਗਾ।

-------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਲ ਸੰਭਾਲ ਤਕਨਾਲੋਜੀਆਂ ਨੂੰ ਵਧੇਰੇ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ, ਸਥਾਨਕ ਸੰਸਥਾਵਾਂ ਨੂੰ ਸ਼ਹਿਰੀਕਰਨ ਕਰਕੇ ਦਰਪੇਸ਼ ਚੁਣੌਤੀਆਂ, ਵਧਦੀ ਆਬਾਦੀ ਅਤੇ ਭਵਿੱਖ 'ਚ ਪਾਣੀ ਦੀਆਂ ਜ਼ਰੂਰਤਾਂ ਪ੍ਰਤੀ ਸੰਵੇਦਨਸ਼ੀਲ ਬਣਾਉਣ ਦਾ ਸੱਦਾ ਦਿੱਤਾ।

- ਪ੍ਰਧਾਨ ਮੰਤਰੀ ਮੋਦੀ ਅਤੇ ਬੈਲਜੀਅਮ ਦੇ ਪ੍ਰਧਾਨ ਮੰਤਰੀ ਬਾਰਟ-ਡੀ-ਵੇਵਰ ਅੱਜ ਨਵੀਂ ਦਿੱਲੀ ਵਿੱਚ ਦੁਵੱਲੀ ਗੱਲਬਾਤ ਕਰਨਗੇ।

- ਜਾਪਾਨ ਦੀ ਪ੍ਰਮੁੱਖ ਕ੍ਰੈਡਿਟ ਰੇਟਿੰਗ ਏਜੰਸੀ ਨੇ, ਭਾਰਤ ਦੀ ਵਿਦੇਸ਼ੀ ਮੁਦਰਾ ਅਤੇ ਸਥਾਨਕ ਮੁਦਰਾ ਜਾਰੀਕਰਤਾ ਰੇਟਿੰਗ ਨੂੰ ਇੱਕ ਦਰਜੇ ਤੱਕ ਅੱਪਗ੍ਰੇਡ ਕਰਦਿਆਂ, ਟ੍ਰਿਪਲ B-ਪਲੱਸ ਤੋਂ A-ਮਾਈਨਸ ਕੀਤਾ।

- ਪੰਜਾਬ, ਅਣਪਛਾਤੀਆਂ ਅਤੇ ਲਾਵਾਰਿਸ ਮ੍ਰਿਤਕ ਦੇਹਾਂ ਦੀ ਸ਼ਨਾਖ਼ਤ ਲਈ, ਸੂਬਾ ਪੱਧਰੀ ਡਿਜੀਟਲ ਪੋਰਟਲ 'ਪਹਿਚਾਣ' ਸ਼ੁਰੂ ਕਰਨ ਵਾਲਾ, ਦੇਸ਼ ਦਾ ਪਹਿਲਾ ਸੂਬਾ ਬਣਿਆ।

- ਬੰਬੇ ਹਾਈ ਕੋਰਟ ਨੇ ਮਰ-ਹੂਮ ਫ਼ਿਲਮ ਅਦਾਕਾਰ ਸੁਸ਼ਾਂਤ ਸਿੰਘ ਰਾਜਪੂਤ ਦੀ ਸਾਬਕਾ ਮੈਨੇਜਰ ਦਿਸ਼ਾ ਸਾਲੀਆਨ ਦੀ ਮੌਤ ਦੀ ਸੀ.ਬੀ.ਆਈ ਜਾਂਚ ਦਾ ਹੁਕਮ ਦਿੱਤਾ।

- ਮਹਿਲਾਵਾਂ ਦੇ twenty-twenty ਕ੍ਰਿਕੇਟ ਏਸ਼ੀਆ ਕੱਪ ਵਿੱਚ, ਅੱਜ ਰਾਤ 8 ਵਜੇ ਭਾਰਤ ਦਾ ਮੁਕਾਬਲਾ ਹਾਂਗਕਾਂਗ ਨਾਲ ਹੋਵੇਗਾ।

---

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**